ਸਲੋਕੁ ਮਃ ੫ ॥ ਸੁਣਿ ਸਜਣ ਪ੍ਰੀਤਮ ਮੇਰਿਆ ਮੈ ਸਤਿਗੁਰੁ ਦੇਹੁ ਦਿਖਾਲਿ ॥ ਹਉ ਤਿਸੁ ਦੇਵਾ ਮਨੁ ਆਪਣਾ ਨਿਤ ਹਿਰਦੈ ਰਖਾ ਸਮਾਲਿ ॥ ਇਕਸੁ ਸਤਿਗੁਰ ਬਾਹਰਾ ਧ੍ਰਿਗੁ ਜੀਵਣੁ ਸੰਸਾਰਿ ॥ ਜਨ ਨਾਨਕ ਸਤਿਗੁਰੁ ਤਿਨਾ ਮਿਲਾਇਓਨੁ ਜਿਨ ਸਦ ਹੀ ਵਰਤੈ ਨਾਲਿ ॥੧॥ {ਪੰਨਾ 957}

ਪਦਅਰਥ:- ਮੈ—ਮੈਨੂੰ। ਹਉ—ਮੈਂ। ਤਿਸੁ—ਉਸ (ਗੁਰੂ) ਨੂੰ। ਬਾਹਰਾ—ਬਾਝੋਂ। ਸੰਸਾਰਿ—ਜਗਤ ਵਿਚ। ਮਿਲਾਇਅਨੁ—ਮਿਲਾਇਆ ਹੈ ਉਸ (ਪ੍ਰਭੂ) ਨੇ। ਵਰਤੈ—ਰਹਿੰਦਾ ਹੈ। ਧ੍ਰਿਗੁ—ਫਿਟਕਾਰ-ਜੋਗ।

ਅਰਥ:- ਹੇ ਮੇਰੇ ਪਿਆਰੇ ਸੱਜਣ ਪ੍ਰਭੂ! (ਮੇਰੀ ਬੇਨਤੀ) ਸੁਣ, ਮੈਨੂੰ ਗੁਰੂ ਦਾ ਦੀਦਾਰ ਕਰਾ ਦੇਹ; ਮੈਂ ਗੁਰੂ ਨੂੰ ਆਪਣਾ ਮਨ ਦੇ ਦੇਵਾਂਗਾ ਤੇ ਉਸ ਨੂੰ ਸਦਾ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਾਂਗਾ, (ਕਿਉਂਕਿ) ਇਕ ਗੁਰੂ ਤੋਂ ਬਿਨਾ ਜਗਤ ਵਿਚ ਜਿਊਣਾ ਫਿਟਕਾਰ-ਜੋਗ ਹੈ (ਗੁਰੂ ਦੇ ਦੱਸੇ ਰਾਹ ਉਤੇ ਤੁਰਨ ਤੋਂ ਬਿਨਾ ਜਗਤ ਵਿਚ ਫਿਟਕਾਰਾਂ ਹੀ ਪੈਂਦੀਆਂ ਹਨ)। ਹੇ ਦਾਸ ਨਾਨਕ! ਉਸ (ਪ੍ਰਭੂ) ਨੇ ਉਹਨਾਂ (ਭਾਗਾਂ ਵਾਲਿਆਂ) ਨੂੰ ਗੁਰੂ ਮਿਲਾਇਆ ਹੈ, ਜਿਨ੍ਹਾਂ ਦੇ ਨਾਲ ਪ੍ਰਭੂ ਆਪ ਸਦਾ ਵੱਸਦਾ ਹੈ।1।